**ਮੈਲਾ ਬ੍ਰਹਮਾ ਮੈਲਾ ਇੰਦੁ ॥ ਰਵਿ ਮੈਲਾ ਮੈਲਾ ਹੈ ਚੰਦੁ ॥੧॥ ਮੈਲਾ ਮਲਤਾ ਇਹੁ ਸੰਸਾਰੁ ॥ ਇਕੁ ਹਰਿ ਨਿਰਮਲੁ ਜਾ ਕਾ ਅੰਤੁ ਨ ਪਾਰੁ ॥ ੧॥ ਰਹਾਉ ॥ ਮੈਲੇ ਬ੍ਰਹਮੰਡਾਇ ਕੈ ਈਸ ॥ ਮੈਲੇ ਨਿਸਿ ਬਾਸੁਰ ਦਿਨ ਤੀਸ ॥੨॥ ਮੈਲਾ ਮੋਤੀ ਮੈਲਾ ਹੀਰੁ ॥ ਮੈਲਾ ਪਉਨੁ ਪਾਵਕੁ ਅਰੁ ਨੀਰੁ ॥੩॥ ਮੈਲੇ ਸਿਵ ਸੰਕਰਾ ਮਹੇਸ ॥ ਮੈਲੇ ਸਿਧ ਸਾਧਿਕ ਅਰੁ ਭੇਖ ॥੪॥ ਮੈਲੇ ਜੋਗੀ ਜੰਗਮ ਜਟਾ ਸਹੇਤਿ ॥ ਮੈਲੀ ਕਾਇਆ ਹੰਸ ਸਮੇਤਿ ॥੫॥ ਕਹਿ ਕਬੀਰ ਤੇ ਜਨ ਪਰਵਾਨ ॥ ਨਿਰਮਲ ਤੇ ਜੋ ਰਾਮਹਿ ਜਾਨ ॥ ੬॥੩॥** {ਪੰਨਾ 1158}

ਪਦਅਰਥ:- ਇੰਦੁ—ਦੇਵਤਿਆਂ ਦਾ ਰਾਜਾ ਇੰਦਰ। ਰਵਿ—ਸੂਰਜ।1।

ਮਲਤਾ—ਮਲੀਨ।1। ਰਹਾਉ।

ਈਸ—ਰਾਜੇ। ਬ੍ਰਹਮੰਡਾਇ ਕੈ—ਬ੍ਰਹਮੰਡਾਂ ਦੇ। ਨਿਸਿ—ਰਾਤ। ਬਾਸਰੁ—ਦਿਨ। ਤੀਸ—ਤੀਹ।2।

ਹੀਰੁ—ਹੀਰਾ। ਪਾਵਕੁ—ਅੱਗ।3।

ਸੰਕਰਾ—ਸ਼ਿਵ। ਮਹੇਸ—ਸ਼ਿਵ। ਸਿਧ—ਜੋਗ ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਸਾਧਿਕ—ਜੋਗ ਦੇ ਸਾਧਨ ਕਰਨ ਵਾਲੇ। ਭੇਖ—ਕਈ ਭੇਖਾਂ ਦੇ ਸਾਧੂ।4।

ਜੰਗਮ—ਸ਼ੈਵ ਮਤ ਦਾ ਇਕ ਫ਼ਿਰਕਾ ਜੋ ਜੋਗੀਆਂ ਦੀ ਇਕ ਸ਼ਾਖ਼ ਹੈ। ਜੰਗਮ ਆਪਣੇ ਸਿਰ ਉੱਤੇ ਸੱਪ ਦੀ ਸ਼ਕਲ ਦੀ ਰੱਸੀ ਅਤੇ ਧਾਤ ਦਾ ਚੰਦ੍ਰਮਾ ਪਹਿਨਦੇ ਹਨ। ਕੰਨਾਂ ਵਿਚ ਮੁੰਦ੍ਰਾਂ ਦੀ ਥਾਂ ਪਿੱਤਲ ਦੇ ਫੁੱਲ ਮੋਰ-ਖੰਭਾਂ ਨਾਲ ਸਜਾਏ ਹੋਏ ਪਾਂਦੇ ਹਨ। ਜੰਗਮ ਦੋ ਹਿੱਸਿਆਂ ਵਿਚ ਵੰਡੇ ਹੋਏ ਹਨ—ਵਿਰਕਤ ਅਤੇ ਗ੍ਰਿਹਸਤੀ। ਸਹੇਤਿ—ਸਮੇਤ। ਕਾਇਆ—ਸਰੀਰ। ਹੰਸ—ਜੀਵਾਤਮਾ।5।

ਪਰਵਾਨ—ਕਬੂਲ। ਰਾਮਹਿ—ਪਰਮਾਤਮਾ ਨੂੰ।6।

ਅਰਥ:- ਇਹ (ਸਾਰਾ) ਸੰਸਾਰ ਮੈਲਾ ਹੈ, ਮਲੀਨ ਹੈ, ਕੇਵਲ ਪਰਮਾਤਮਾ ਹੀ ਪਵਿੱਤਰ ਹੈ, (ਇਤਨਾ ਪਵਿੱਤਰ ਹੈ ਕਿ ਉਸ ਦੀ ਪਵਿੱਤ੍ਰਤਾ ਦਾ) ਅੰਤ ਨਹੀਂ ਪਾਇਆ ਜਾ ਸਕਦਾ, ਪਾਰਲਾ ਬੰਨਾ ਨਹੀਂ ਲੱਭ ਸਕਦਾ।1। ਰਹਾਉ।

ਬ੍ਰਹਮਾ (ਭਾਵੇਂ ਜਗਤ ਦਾ ਪੈਦਾ ਕਰਨ ਵਾਲਾ ਮਿਥਿਆ ਜਾਂਦਾ ਹੈ ਪਰ) ਬ੍ਰਹਮਾ ਭੀ ਮੈਲਾ, ਇੰਦਰ ਭੀ ਮੈਲਾ (ਭਾਵੇਂ ਉਹ ਦੇਵਤਿਆਂ ਦਾ ਰਾਜਾ ਮਿਥਿਆ ਗਿਆ ਹੈ)। (ਦੁਨੀਆ ਨੂੰ ਚਾਨਣ ਦੇਣ ਵਾਲੇ) ਸੂਰਜ ਤੇ ਚੰਦ੍ਰਮਾ ਭੀ ਮੈਲੇ ਹਨ।1।

ਬ੍ਰਹਿਮੰਡਾਂ ਦੇ ਰਾਜੇ (ਭੀ ਹੋ ਜਾਣ ਤਾਂ ਭੀ) ਮੈਲੇ ਹਨ; ਰਾਤ ਦਿਨ, ਮਹੀਨੇ ਦੇ ਤ੍ਰੀਹੇ ਦਿਨ ਸਭ ਮੈਲੇ ਹਨ (ਬੇਅੰਤ ਜੀਅ-ਜੰਤ ਵਿਕਾਰਾਂ ਨਾਲ ਇਹਨਾਂ ਨੂੰ ਮੈਲਾ ਕਰੀ ਜਾ ਰਹੇ ਹਨ)।2।

(ਇਤਨੇ ਕੀਮਤੀ ਹੁੰਦੇ ਹੋਏ ਭੀ) ਮੋਤੀ ਤੇ ਹੀਰੇ ਭੀ ਮੈਲੇ ਹਨ, ਹਵਾ, ਅੱਗ ਤੇ ਪਾਣੀ ਭੀ ਮੈਲੇ ਹਨ।3।

ਸ਼ਿਵ-ਸ਼ੰਕਰ-ਮਹੇਸ਼ ਭੀ ਮੈਲੇ ਹਨ (ਭਾਵੇਂ ਇਹ ਵੱਡੇ ਦੇਵਤੇ ਮਿਥੇ ਗਏ ਹਨ)। ਸਿੱਧ, ਸਾਧਕ ਤੇ ਭੇਖਧਾਰੀ ਸਾਧੂ ਸਭ ਮੈਲੇ ਹਨ।4।

ਜੋਗੀ, ਜੰਗਮ, ਜਟਾਧਾਰੀ ਸਭ ਅਪਵਿੱਤਰ ਹਨ; ਇਹ ਸਰੀਰ ਭੀ ਮੈਲਾ ਤੇ ਜੀਵਾਤਮਾ ਭੀ ਮੈਲਾ ਹੋਇਆ ਪਿਆ ਹੈ।5।

ਕਬੀਰ ਆਖਦਾ ਹੈ—ਸਿਰਫ਼ ਉਹ ਮਨੁੱਖ (ਪ੍ਰਭੂ ਦੇ ਦਰ ਤੇ) ਕਬੂਲ ਹਨ, ਸਿਰਫ਼ ਉਹ ਮਨੁੱਖ ਪਵਿੱਤਰ ਹਨ ਜਿਨ੍ਹਾਂ ਨੇ ਪਰਮਾਤਮਾ ਨਾਲ ਸਾਂਝ ਪਾਈ ਹੈ।6।3।